# ਐਸਟ੍ਰੋਟਰਫ ਦੀ ਉਸਾਰੀ ਲਈ ਸਾਰੀ ਮੁੱਢਲੀ ਪ੍ਰਕਿਰਿਆ ਮੁਕੰਮਲ, ਉਸਾਰੀ ਜਲਦ: ਸੁਖਬੀਰ ਬਾਦਲ

ਫਰੀਦਕੋਟ, 21 ਮਾਰਚ ( )-'ਫਰੀਦਕੋਟ ਦੇ ਸਰਕਾਰੀ ਬ੍ਰਜਿੰਦਰਾ ਕਾਲਜ ਵਿਖੇ 6 ਕਰੋੜ ਰੁਪਏ ਲਾਗਤ ਨਾਲ ਉਸਾਰੇ ਜਾਣ ਵਾਲੇ ਐਸਟਰੋਟਰਫ ਦੀ ਉਸਾਰੀ ਕਰਨ ਲਈ ਟੈਂਡਰ ਆਦਿ ਪ੍ਰਕਿਰਿਆ ਮੁਕੰਮਲ ਕਰ ਲਈ ਗਈ ਹੈ ਅਤੇ ਇਹ ਕੰਮ ਜਲਦ ਹੀ ਆਰੰਭ ਕਰ ਦਿੱਤਾ ਜਾਵੇਗਾ' ਇਹ ਭਰੋਸਾ ਸ੍ਰ ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ ਪੰਜਾਬ ਨੇ ਅੱਜ ਆਪਣੀ ਫਰੀਦਕੋਟ ਫੇਰੀ ਦੌਰਾਨ ਪੱਤਰਕਾਰਾਂ ਵੱਲੋਂ ਕੀਤੇ ਗਏ ਸਵਾਲ ਦੇ ਜਵਾਬ ਵਿੱਚ ਦਿੱਤਾ। ਇਸ ਮੌਕੇ 'ਤੇ ਸ੍ਰ ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀਦਲ, ਸ਼੍ਰੀ ਪਰਮਬੰਸ ਸਿੰਘ ਬੰਟੀ ਰੋਮਾਣਾ ਚੇਅਰਮੈਨ ਨਗਰ ਸੁਧਾਰ ਟਰੱਸਟ, ਸ੍ਰ ਬਲਵਿੰਦਰ ਸਿੰਘ ਡਿਪਟੀ ਕਮਿਸ਼ਨਰ, ਸ਼੍ਰੀ ਗੁਰਮੀਤ ਸਿੰਘ ਰੰਧਾਵਾ ਐਸ.ਐਸ.ਪੀ ਅਤੇ ਹੋਰ ਵੀ ਪਾਰਟੀ ਆਗੂ ਹਾਜ਼ਰ ਸਨ।

ਸ੍ਰ ਬਾਦਲ ਨੇ ਕਿਹਾ ਕਿ ਉਹਨਾਂ ਵੱਲੋਂ ਫੰਡਾਂ ਦੀ ਕੋਈ ਘਾਟ ਨਹੀ ਹੈ ਇਸ ਲਈ ਇਸ ਪ੍ਰੋਜੈਕਟ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਰਾਜ ਸਰਕਾਰ ਪੂਰੇ ਦੇਸ਼ ਵਿੱਚ ਪਹਿਲੀ ਸਰਕਾਰ ਹੈ ਜਿਸਨੇ ਆਪਣੀ ਖੇਡ ਨੀਤੀ ਬਣਾਈ ਹੈ ਅਤੇ ਇਸਨੂੰ ਪੰਜਾਬ ਕੈਬਨਿਟ ਵੱਲੋਂ ਵੀ ਮੰਨਜੂਰੀ ਦਿੱਤੀ ਹੋਈ ਹੈ। ਉਹਨਾਂ ਕਿਹਾ ਕਿ ਸਾਡੀ ਖੇਡ ਨੀਂਤੀ ਦਾ ਮੁੱਖ ਆਦੇਸ਼ ਉਭਰਦੇ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਨੀ, ਸਹੂਲਤਾਂ ਉਪਲਬਦ ਕਰਵਾਉਣੀਆਂ ਅਤੇ ਸੂਬੇ ਵਿੱਚ ਵਧੀਆ ਖੇਡ ਢਾਂਚਾ ਵਿਕਸਤ ਕਰਨਾ ਹੈ। ਉਹਨਾਂ ਦੱਸਿਆ ਕਿ 10 ਸੰਸਾਰ ਪੱਧਰੀ ਸਟੇਡੀਅਮ ਜਿੰਨ੍ਹਾਂ 'ਤੇ ਫਲੱਡ ਲਾਈਟਾਂ ਲੱਗੀਆਂ ਹੋਣਗੀਆਂ 65 ਕਰੋੜ ਰੁਪਏ ਦੀ ਲਾਗਤ ਨਾਲ ਹਾਕੀ, ਕ੍ਰਿਕਟ, ਕਬੱਡੀ, ਫੁੱਟਬਾਲ ਅਤੇ ਵਾਲੀਬਾਲ ਲਈ ਵਿਕਸਤ ਕੀਤੇ ਜਾਣਗੇ। ਇਹ ਸੰਸਾਰ ਪੱਧਰੀ ਸਟੇਡੀਅਮ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਫਰੀਦਕੋਟ, ਬਠਿੰਡਾ, ਮੁਹਾਲੀ, ਸੰਗਰੂਰ, ਹੁਸ਼ਿਆਰਪੁਰ, ਮਾਨਸਾ ਅਤੇ ਗੁਰਦਾਸਪੁਰ ਵਿਖੇ ਅਗਲੇ 12 ਮਹੀਨਿਆਂ 'ਚ ਤਿਆਰ ਕਰ ਦਿੱਤੇ ਜਾਣਗੇ। ਇਸਤੋਂ ਇਲਾਵਾ ਉੱਚ ਪੱਧਰੀ ਖਿਡਾਰੀਆਂ ਨੂੰ ਤਿਆਰ ਕਰਨ ਲਈ ਜਲੰਧਰ ਵਿਖੇ ਇੱਕ ਉੱਚ ਪੱਧਰੀ ਕੇਂਦਰ ਸਥਾਪਿਤ ਕੀਤਾ ਜਾਵੇਗਾ ਅਤੇ ਮੁਹਾਲੀ ਤੇ ਬਠਿੰਡਾ ਵਿਖੇ ਖੇਤਰੀ ਕੇਂਦਰ ਸਥਾਪਿਤ ਕੀਤੇ ਜਾਣਗੇ।

ਪੱਤਰਕਾਰਾਂ ਵੱਲੋਂ ਜਦ ਸਫਾਈ ਸੇਵਕਾਂ ਦੀ ਚੱਲ ਰਹੀ ਹੜਤਾਲ ਕਾਰਣ ਸਫਾਈ ਪ੍ਰਬੰਧਾਂ 'ਤੇ ਪੈ ਰਹੇ ਮਾੜੇ ਪ੍ਰਭਾਵ ਸਬੰਧੀ ਜਦ ਸ੍ਰ ਬਾਦਲ ਨੂੰ ਜਾਣੂੰ ਕਰਵਾਇਆ ਗਿਆ ਤਾਂ ਉੱਪ ਮੁੱਖ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਪਰਕਾਸ਼ ਸਿੰਘ ਬਾਦਲ ਇਸ ਪ੍ਰਤੀ ਗੰਭੀਰ ਹਨ ਅਤੇ ਉਹ ਇਸੇ ਹੀ ਸਿਲਸਿਲੇ ਵਿੱਚ ਮੀਟਿੰਗ ਕਰ ਰਹੇ ਹਨ। ਉਹਨਾਂ ਭਰੋਸਾ ਦਿੱਤਾ ਕਿ ਇਹ ਮਸਲਾ ਨਿਕਟ ਭਵਿੱਖ ਵਿੱਚ ਹੱਲ ਕਰ ਲਿਆ ਜਾਵੇਗਾ। ਜ਼ਿਕਰਯੋਗ ਹੈ ਸ੍ਰ ਬਾਦਲ ਅੱਜ ਵਿਸ਼ੇਸ਼ ਤੌਰ 'ਤੇ ਇੱਥੋਂ ਦੀ ਨਗਰ ਕੌਂਸਲ ਦੇ ਪ੍ਰਧਾਨ ਸਵਰਗਵਾਸੀ ਅਮਰਦੀਪ ਸਿੰਘ ਬਾਸੀ ਦੇ ਅਚਾਨਕ ਅਕਾਲ ਚਲਾਣੇ 'ਤੇ ਇਹਨਾਂ ਦੇ ਦੁਖੀ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਨ ਲਈ ਉਹਨਾਂ ਦੇ ਗ੍ਰਹਿ ਸਥਾਨ 'ਤੇ ਆਏ ਹੋਏ ਸਨ। ਉਹਨਾਂ ਸਵਰਗਵਾਸੀ ਸ਼੍ਰੀ ਬਾਸੀ ਦੇ ਪਿਤਾ ਸ੍ਰ ਚਰਣ ਸਿੰਘ ਬਾਸੀ ਅਤੇ ਹੋਰਨਾਂ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਸ਼੍ਰੀ ਬਾਸੀ ਦੇ ਅਚਾਨਕ ਅਕਾਲ ਚਲਾਣੇ ਨਾਲ ਸ਼੍ਰੋਮਣੀ ਅਕਾਲੀਦਲ-ਭਾਜਪਾ ਨੂੰ ਜੋ ਇੱਕ ਅਣਥੱਕ ਵਰਕਰ ਦਾ ਘਾਟਾ ਪਿਆ ਹੈ ਉਹ ਕਦੇ ਵੀ ਪੂਰਾ ਨਹੀ ਹੋ ਸਕਦਾ।



ਫਰੀਦਕੋਟ ਫੇਰੀ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰ ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ।



ਫਰੀਦਕੋਟ ਵਿਖੇ ਸਵਰਗਵਾਸੀ ਅਮਰਦੀਪ ਸਿੰਘ ਬਾਸੀ ਦੇ ਗ੍ਰਹਿ ਵਿਖੇ ਸ਼੍ਰੀ ਬਾਸੀ ਦੇ ਪਿਤਾ ਚਰਣ ਸਿੰਘ ਬਾਸੀ ਨਾਲ ਦੁੱਖ ਵੰਡਾਉਂਦੇ ਹੋਏ ਸ੍ਰ ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ ਸ੍ਰ ਸੁਖਬੀਰ ਸਿੰਘ ਬਾਦਲ।